ਰਾਗੁ ਸਾਰਗ ਅਸਟਪਦੀਆ ਮਹਲਾ ੧ ਘਰੁ ੧ ੴ ਸਤਿਗੁਰ ਪ੍ਰਸਾਦਿ ॥ ਹਰਿ ਬਿਨੁ ਕਿਉ ਜੀਵਾ ਮੇਰੀ ਮਾਈ ॥ ਜੈ ਜਗਦੀਸ ਤੇਰਾ ਜਸੁ ਜਾਚਉ ਮੈ ਹਰਿ ਬਿਨੁ ਰਹਨੁ ਨ ਜਾਈ ॥੧॥ ਰਹਾਉ ॥ ਹਰਿ ਕੀ ਪਿਆਸ ਪਿਆਸੀ ਕਾਮਨਿ ਦੇਖਉ ਰੈਨਿ ਸਬਾਈ ॥ ਸ੍ਰੀਧਰ ਨਾਥ ਮੇਰਾ ਮਨੁ ਲੀਨਾ ਪ੍ਰਭੁ ਜਾਨੈ ਪੀਰ ਪਰਾਈ ॥੧॥ ਗਣਤ ਸਰੀਰਿ ਪੀਰ ਹੈ ਹਰਿ ਬਿਨੁ ਗੁਰ ਸਬਦੀ ਹਰਿ ਪਾਂਈ ॥ ਹੋਹੁ ਦਇਆਲ ਕ੍ਰਿਪਾ ਕਰਿ ਹਰਿ ਜੀਉ ਹਰਿ ਸਿਉ ਰਹਾਂ ਸਮਾਈ ॥੨॥ ਐਸੀ ਰਵਤ ਰਵਹੁ ਮਨ ਮੇਰੇ ਹਰਿ ਚਰਣੀ ਚਿਤੁ ਲਾਈ ॥ ਬਿਸਮ ਭਏ ਗੁਣ ਗਾਇ ਮਨੋਹਰ ਨਿਰਭਉ ਸਹਜਿ ਸਮਾਈ ॥੩॥ ਹਿਰਦੈ ਨਾਮੁ ਸਦਾ ਧੁਨਿ ਨਿਹਚਲ ਘਟੈ ਨ ਕੀਮਤਿ ਪਾਈ ॥ ਬਿਨੁ ਨਾਵੈ ਸਭੁ ਕੋਈ ਨਿਰਧਨੁ ਸਤਿਗੁਰਿ ਬੂਝ ਬੁਝਾਈ ॥੪॥ ਪ੍ਰੀਤਮ ਪ੍ਰਾਨ ਭਏ ਸੁਨਿ ਸਜਨੀ ਦੂਤ ਮੁਏ ਬਿਖੁ ਖਾਈ ॥ ਜਬ ਕੀ ਉਪਜੀ ਤਬ ਕੀ ਤੈਸੀ ਰੰਗੁਲ ਭਈ ਮਨਿ ਭਾਈ ॥੫॥ ਸਹਜ ਸਮਾਧਿ ਸਦਾ ਲਿਵ ਹਰਿ ਸਿਉ ਜੀਵਾਂ ਹਰਿ ਗੁਨ ਗਾਈ ॥ ਗੁਰ ਕੈ ਸਬਦਿ ਰਤਾ ਬੈਰਾਗੀ ਨਿਜ ਘਰਿ ਤਾੜੀ ਲਾਈ ॥੬॥ ਸੁਧ ਰਸ ਨਾਮੁ ਮਹਾ ਰਸੁ ਮੀਠਾ ਨਿਜ ਘਰਿ ਤਤੁ ਗੁਸਾਂਈਂ ॥ ਤਹ ਹੀ ਮਨੁ ਜਹ ਹੀ ਤੈ ਰਾਖਿਆ ਐਸੀ ਗੁਰਮਤਿ ਪਾਈ ॥੭॥ ਸਨਕ ਸਨਾਦਿ ਬ੍ਰਹਮਾਦਿ ਇੰਦ੍ਰਾਦਿਕ ਭਗਤਿ ਰਤੇ ਬਨਿ ਆਈ ॥ ਨਾਨਕ ਹਰਿ ਬਿਨੁ ਘਰੀ ਨ ਜੀਵਾਂ ਹਰਿ ਕਾ ਨਾਮੁ ਵਡਾਈ ॥੮॥੧॥ {ਪੰਨਾ 1232}

ਪਦ ਅਰਥ:- ਮਾਈ—ਹੇ ਮਾਂ! ਕਿਉ ਜੀਵਾ—ਮੈਂ ਕਿਵੇਂ ਜੀ ਸਕਾਂ? ਮੇਰੀ ਜਿੰਦ ਵਿਆਕੁਲ ਹੁੰਦੀ ਹੈ। ਜਗਦੀਸ—ਹੇ ਜਗਤ ਦੇ ਈਸ਼! (ਜਗਦੀਸ—ਜਗਤ-ਈਸ। ਈਸ—ਮਾਲਕ)। ਜਸੁ—ਸਿਫ਼ਤਿ-ਸਾਲਾਹ। ਜਾਚਉ—ਮੈਂ ਮੰਗਦਾ ਹਾਂ। ਰਹਨੁ ਨ ਜਾਈ—ਰਿਹਾ ਨਹੀਂ ਜਾ ਸਕਦਾ, ਮਨ ਡੋਲਦਾ ਹੈ।1। ਰਹਾਉ।

ਪਿਆਸੀ—ਮਿਲਾਪ ਵਾਸਤੇ ਉਤਾਵਲੀ। ਕਾਮਨਿ—ਇਸਤ੍ਰੀ। ਰੈਨਿ—ਰਾਤ। ਸਬਾਈ—ਸਾਰੀ। ਸ੍ਰੀਧਰ—(ਸ੍ਰੀ—ਲੱਛਮੀ। ਧਰ—ਆਸਰਾ) ਹੇ ਲੱਛਮੀ ਦੇ ਆਸਰੇ! ਹੇ ਪ੍ਰਭੂ! ਨਾਥ—ਹੇ ਖਸਮ-ਪ੍ਰਭੂ! ਪੀਰ—ਪੀੜ।1।

ਗਣਤ—ਚਿੰਤਾ, ਗਿਣਤੀ, ਫ਼ਿਕਰ। ਸਰੀਰਿ—ਸਰੀਰ ਵਿਚ, ਹਿਰਦੇ ਵਿਚ। ਪਾਂਈ—ਪਾਈਂ, ਮੈਂ ਲੱਭ ਸਕਦੀ ਹਾਂ। ਰਹਾਂ ਸਮਾਈ—ਸਮਾਇ ਰਹਾਂ, ਲੀਨ ਰਹਾਂ।2।

ਰਹਤ ਰਵਹੁ—ਰਹਤ ਰਹੋ, ਚਾਲ ਚੱਲੋ। ਬਿਸਮ—ਹੈਰਾਨ, ਅਸਚਰਜ, ਮਗਨ। ਮਨੋਹਰ—ਮਨ ਨੂੰ ਮੋਹ ਲੈਣ ਵਾਲਾ। ਸਹਜਿ—ਆਤਮਕ ਅਡੋਲਤਾ ਵਿਚ।3।

ਧੁਨਿ—ਲਗਨ। ਨਿਹਚਲ—ਅਡੋਲ। ਨਿਰਧਨੁ—ਕੰਗਾਲ। ਸਤਿਗੁਰਿ—ਗੁਰੂ ਨੇ। ਬੂਝ—ਸਮਝ।4।

ਸੁਨਿ—ਸੁਣ। ਸਜਨੀ—ਹੇ ਸਖੀ! ਪ੍ਰਾਨ—ਜਿੰਦ। ਦੂਤ—ਕਾਮਾਦਿਕ ਵਿਕਾਰ। ਖਾਈ—ਖਾਇ, ਖਾ ਕੇ। ਰੰਗੁਲ—ਰੰਗੁਲੀ। ਮਨਿ—ਮਨ ਵਿਚ। ਭਾਈ—ਪਿਆਰੀ ਲੱਗੀ ਹੈ।5।

ਸਮਾਧਿ—ਟਿਕਾਉ, ਇਕਾਗ੍ਰਤਾ। ਜੀਵਾਂ—ਮੈਂ ਜੀਊਂਦੀ ਹਾਂ, ਮੇਰੇ ਅੰਦਰ ਧੀਰਜ ਪੈਦਾ ਹੁੰਦੀ ਹੈ। ਬੈਰਾਗੀ—ਵੈਰਾਗਵਾਨ, ਪ੍ਰੇਮੀ। ਤਾੜੀ ਲਾਈ—ਟਿਕ ਜਾਂਦਾ ਹੈ।6।

ਸੁਧ—ਪਵਿੱਤ੍ਰ। ਗੁਸਾਂਈ—ਹੇ ਧਰਤੀ ਦੇ ਖਸਮ!।7।

ਸਨਕ ਸਨਾਦਿ—ਸਨਕ, ਸਨੰਦਨ, ਸਨਤਕੁਮਾਰ, ਸਨਾਤਨ (ਇਹ ਚਾਰੇ ਬ੍ਰਹਮਾ ਦੇ ਪੁੱਤ੍ਰ ਹਨ)। ਰਤੇ—ਰੰਗੇ ਗਏ। ਬਨਿ ਆਈ—ਪ੍ਰੀਤ ਬਣ ਗਈ।8।

ਅਰਥ:- ਹੇ ਮੇਰੀ ਮਾਂ! ਪਰਮਾਤਮਾ ਦੇ ਨਾਮ ਤੋਂ ਬਿਨਾ ਮੇਰੀ ਜਿੰਦ ਵਿਆਕੁਲ ਹੁੰਦੀ ਹੈ। ਹੇ ਜਗਤ ਦੇ ਮਾਲਕ! ਤੇਰੀ ਹੀ ਸਦਾ ਜੈ (ਜਿੱਤ) ਹੈ। ਮੈਂ (ਤੇਰੇ ਪਾਸੋਂ) ਤੇਰੀ ਸਿਫ਼ਤਿ-ਸਾਲਾਹ (ਦੀ ਦਾਤਿ) ਮੰਗਦਾ ਹਾਂ।

ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਮੇਰਾ ਮਨ ਘਾਬਰਦਾ ਹੈ।1। ਰਹਾਉ।

ਜਿਵੇਂ ਇਸਤ੍ਰੀ ਨੂੰ ਆਪਣੇ ਪਤੀ ਦੇ ਮਿਲਣ ਦੀ ਤਾਂਘ ਹੁੰਦੀ ਹੈ ਉਹ ਸਾਰੀ ਰਾਤ ਉਸ ਦੀ ਉਡੀਕ ਕਰਦੀ ਹੈ, ਤਿਵੇਂ

ਮੈਨੂੰ ਹਰੀ ਦੇ ਦੀਦਾਰ ਦੀ ਹੈ, ਮੈਂ ਸਾਰੀ ਉਮਰ ਹੀ ਉਸ ਦੀ ਉਡੀਕ ਕਰਦੀ ਚਲੀ ਆ ਰਹੀ ਹਾਂ। ਹੇ ਲੱਛਮੀ-ਪਤੀ! ਹੇ (ਜਗਤ ਦੇ) ਨਾਥ! ਮੇਰਾ ਮਨ ਤੇਰੀ ਯਾਦ ਵਿਚ ਮਸਤ ਹੈ।

(ਹੇ ਮਾਂ!) ਪਰਮਾਤਮਾ ਹੀ ਪਰਾਈ ਪੀੜ ਸਮਝ ਸਕਦਾ ਹੈ।1।

(ਹੇ ਮਾਂ!) ਪਰਮਾਤਮਾ ਦੀ ਯਾਦ ਤੋਂ ਬਿਨਾ ਮੇਰੇ ਹਿਰਦੇ ਵਿਚ (ਹੋਰ ਹੋਰ) ਚਿੰਤਾ-ਫ਼ਿਕਰਾਂ ਦੀ ਤਕਲਿਫ਼ ਟਿਕੀ ਰਹਿੰਦੀ ਹੈ। ਉਹ ਪਰਮਾਤਮਾ ਗੁਰੂ ਦੇ ਸ਼ਬਦ ਦੀ ਰਾਹੀਂ ਹੀ ਮਿਲ ਸਕਦਾ ਹੈ।

ਹੇ ਪਿਆਰੇ ਹਰੀ! ਮੇਰੇ ਉਤੇ ਦਇਆਲ ਹੋ, ਮੇਰੇ ਉਤੇ ਕਿਰਪਾ ਕਰ, ਮੈਂ ਤੇਰੀ ਯਾਦ ਵਿਚ ਲੀਨ ਰਹਾਂ।2।

ਹੇ ਮੇਰੇ ਮਨ! ਅਜੇਹਾ ਰਸਤਾ ਫੜ ਕਿ ਪਰਮਾਤਮਾ ਦੇ ਚਰਨਾਂ ਵਿਚ ਜੁੜਿਆ ਰਹੇਂ। ਮਨ ਨੂੰ ਮੋਹਣ ਵਾਲੇ ਪਰਮਾਤਮਾ ਦੇ ਗੁਣ ਗਾ ਕੇ (ਭਾਗਾਂ ਵਾਲੇ ਬੰਦੇ ਆਨੰਦ ਵਿਚ) ਮਸਤ ਰਹਿੰਦੇ ਹਨ, ਦੁਨੀਆ ਵਾਲੇ ਡਰਾਂ-ਸਹਿਮਾਂ ਤੋਂ ਨਿਡਰ ਹੋ ਕੇ ਉਹ ਆਤਮਕ ਅਡੋਲਤਾ ਵਿਚ ਟਿਕੇ ਰਹਿੰਦੇ ਹਨ।3।

(ਹੇ ਮੇਰੇ ਮਨ!) ਜੇ ਹਿਰਦੇ ਵਿਚ ਪ੍ਰਭੂ ਦਾ ਨਾਮ ਵੱਸ ਪਏ, ਜੇ (ਪ੍ਰਭੂ-ਪਿਆਰ ਦੀ) ਸਦੀਵੀ ਅਟੱਲ ਰੌ ਚੱਲ ਪਏ, ਤਾਂ ਉਹ ਫਿਰ ਕਦੇ ਘਟਦੀ ਨਹੀਂ, ਦੁਨੀਆ ਦਾ ਕੋਈ ਸੁਖ ਦੁਨੀਆ ਦਾ ਕੋਈ ਪਦਾਰਥ ਉਸ ਦੀ ਬਰਾਬਰੀ ਨਹੀਂ ਕਰ ਸਕਦਾ। ਸਤਿਗੁਰੂ ਨੇ ਮੈਨੂੰ ਸਮਝ ਬਖ਼ਸ਼ ਦਿੱਤੀ ਹੈ ਕਿ ਪਰਮਾਤਮਾ ਦੇ ਨਾਮ ਤੋਂ ਬਿਨਾ ਹਰੇਕ ਜੀਵ ਕੰਗਾਲ (ਹੀ) ਹੈ (ਭਾਵੇਂ ਉਸ ਦੇ ਪਾਸ ਕਿਤਨਾ ਹੀ ਧਨ-ਪਦਾਰਥ ਹੋਵੇ)।4।

ਹੇ ਸਹੇਲੀਏ! (ਹੇ ਸਤਸੰਗੀ ਸੱਜਣ!) ਸੁਣ! (ਗੁਰੂ ਦੀ ਕਿਰਪਾ ਨਾਲ) ਮੇਰੇ ਮਨ ਵਿਚ ਪ੍ਰੀਤਮ ਪਿਆਰਾ ਲੱਗ ਰਿਹਾ ਹੈ, ਮੈਂ ਉਸ ਦੇ ਪ੍ਰੇਮ ਵਿਚ ਰੰਗੀ ਗਈ ਹਾਂ, ਜਦੋਂ ਦੀ (ਪ੍ਰਭੂ-ਚਰਨਾਂ ਵਿਚ ਪ੍ਰੀਤ) ਪੈਦਾ ਹੋਈ ਹੈ, ਤਦੋਂ ਦੀ ਉਹੋ ਜਿਹੀ ਕਾਇਮ ਹੈ (ਘਟੀ ਨਹੀਂ), ਮੇਰੀ ਜਿੰਦ ਪ੍ਰੀਤਮ-ਪ੍ਰਭੂ ਨਾਲ ਇਕ-ਮਿਕ ਹੋ ਗਈ ਹੈ, ਕਾਮਾਦਿਕ ਵੈਰੀ (ਮੇਰੇ ਭਾ ਦੇ) ਮਰ ਗਏ ਹਨ, ਉਹਨਾਂ (ਮਾਨੋ) ਜ਼ਹਰ ਖਾ ਲਈ ਹੈ।5।

ਗੁਰੂ ਦੇ ਸ਼ਬਦ ਵਿਚ ਰੰਗੀਜ ਕੇ ਮੈਂ (ਪ੍ਰਭੂ-ਚਰਨਾਂ ਦਾ) ਪ੍ਰੇਮੀ ਬਣ ਗਿਆ ਹਾਂ, ਹੁਣ ਮੈਂ ਆਪਣੇ ਅੰਦਰ ਹੀ ਪ੍ਰਭੂ ਦੀ ਯਾਦ ਵਿਚ ਜੁੜਿਆ ਰਹਿੰਦਾ ਹਾਂ, ਮੈਂ ਸਦਾ ਪ੍ਰਭੂ ਵਿਚ ਲਿਵ ਲਾਈ ਰੱਖਦਾ ਹਾਂ, ਤੇ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹਾਂ, ਜਿਉਂ ਜਿਉਂ ਮੈਂ ਹਰੀ ਦੇ ਗੁਣ ਗਾਂਦਾ ਹਾਂ ਮੇਰੇ ਅੰਦਰ ਆਤਮਕ ਜੀਵਨ ਪਲਰਦਾ ਹੈ।6।

ਹੇ ਧਰਤੀ ਦੇ ਮਾਲਕ ਪ੍ਰਭੂ! ਮੈਨੂੰ ਸਤਿਗੁਰੂ ਦੀ ਅਜੇਹੀ ਮਤਿ ਪ੍ਰਾਪਤ ਹੋ ਗਈ ਹੈ ਕਿ ਜਿੱਥੇ (ਆਪਣੇ ਚਰਨਾਂ ਵਿਚ) ਤੂੰ ਮੇਰਾ ਮਨ ਜੋੜਿਆ ਹੈ ਉਥੇ ਹੀ ਜੁੜਿਆ ਪਿਆ ਹੈ। ਹੇ ਪ੍ਰਭੂ! ਪਵਿਤ੍ਰਤਾ ਦਾ ਰਸ ਦੇਣ ਵਾਲਾ ਤੇਰਾ ਨਾਮ ਮੈਨੂੰ ਬੜੇ ਹੀ ਸੁਆਦਲੇ ਰਸ ਵਾਲਾ ਜਾਪ ਰਿਹਾ ਹੈ ਮੈਨੂੰ ਮਿੱਠਾ ਲੱਗ ਰਿਹਾ ਹੈ, ਤੂੰ ਜਗਤ-ਦਾ-ਮੂਲ ਮੈਨੂੰ ਮੇਰੇ ਹਿਰਦੇ ਵਿਚ ਹੀ ਲੱਭ ਪਿਆ ਹੈਂ।7।

ਇੰਦ੍ਰ ਵਰਗੇ ਦੇਵਤੇ, ਬ੍ਰਹਮਾ ਤੇ ਉਸ ਦੇ ਪੁਤ੍ਰ ਸਨਕ ਵਰਗੇ ਮਹਾ ਪੁਰਖ ਜਦੋਂ ਪਰਮਾਤਮਾ ਦੀ ਭਗਤੀ (ਦੇ ਰੰਗ) ਵਿਚ ਰੰਗੇ ਗਏ, ਤਾਂ ਉਹਨਾਂ ਦੀ ਪ੍ਰੀਤਿ ਪ੍ਰਭੂ-ਚਰਨਾਂ ਨਾਲ ਬਣ ਗਈ।

ਹੇ ਨਾਨਕ! (ਆਖ—) ਪਰਮਾਤਮਾ ਦੇ ਨਾਮ ਤੋਂ ਇਕ ਘੜੀ-ਮਾਤ੍ਰ ਵਿਛੁੜਿਆਂ ਭੀ ਮੇਰੀ ਜਿੰਦ ਵਿਆਕੁਲ ਹੋ ਜਾਂਦੀ ਹੈ। ਪਰਮਾਤਮਾ ਦਾ ਨਾਮ ਹੀ ਮੇਰੇ ਵਾਸਤੇ (ਸਭ ਤੋਂ ਸ੍ਰੇਸ਼ਟ) ਵਡਿਆਈ-ਮਾਣ ਹੈ।8।1।